# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 08-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬ੍ਰਾਜ਼ੀਲ ਦੇ ਸਰਕਾਰੀ ਦੌਰੇ 'ਤੇ ਬ੍ਰਾਜ਼ੀਲੀਆ ਪਹੁੰਚ ਗਏ ਨੇ । ਬ੍ਰਾਜ਼ੀਲ ਦੇ ਰੱਖਿਆ ਮੰਤਰੀ ਜੋਸ ਮੂਸੀਓ ਮੋਂਟੇਰੋ ਫਿਲਹੋ ਨੇ ਹਵਾਈ ਅੱਡੇ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਪ੍ਰਧਾਨ ਮੰਤਰੀ ਮੋਦੀ ਬ੍ਰਾਜ਼ੀਲ ਦੇ ਰਾਸ਼ਟਰਪਤੀ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ ਨਾਲ ਆਪਸੀ ਹਿੱਤ ਦੇ ਖੇਤਰਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਰਣਨੀਤਕ ਭਾਈਵਾਲੀ ਨੂੰ ਵਧਾਉਣ 'ਤੇ ਦੁਵੱਲੀ ਗੱਲਬਾਤ ਕਰਨਗੇ। ਗੱਲਬਾਤ ਵਿੱਚ ਵਪਾਰ, ਰੱਖਿਆ, ਊਰਜਾ, ਪੁਲਾੜ, ਤਕਨਾਲੋਜੀ, ਖੇਤੀਬਾੜੀ, ਸਿਹਤ ਅਤੇ ਲੋਕਾਂ ਤੋਂ ਲੋਕਾਂ ਦੇ ਸੰਪਰਕ ਦੇ ਮੁੱਦਿਆਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਇਸ ਤੋਂ ਬਾਅਦ ਵਫ਼ਦ ਪੱਧਰੀ ਗੱਲਬਾਤ ਹੋਵੇਗੀ। ਬ੍ਰਾਜ਼ੀਲ ਵਿੱਚ ਭਾਰਤੀ ਰਾਜਦੂਤ ਦਿਨੇਸ਼ ਭਾਟੀਆ ਨੇ ਪਹਿਲਾਂ ਕਿਹਾ ਸੀ ਕਿ ਪ੍ਰਧਾਨ ਮੰਤਰੀ ਦੀਆਂ ਦੁਵੱਲੀਆਂ ਮੀਟਿੰਗਾਂ ਦੌਰਾਨ ਚਾਰ

ਸਮਝੌਤਿਆਂ 'ਤੇ ਦਸਤਖਤ ਕੀਤੇ ਜਾਣਗੇ। ਪ੍ਰਧਾਨ ਮੰਤਰੀ ਮੋਦੀ ਨੇ ਆਪਣੀ ਬ੍ਰਾਜ਼ੀਲ ਦੀ ਰੀਓ ਫੇਰੀ ਨੂੰ ਬਹੁਤ ਸਫਲ ਦੱਸਿਆ।

---------------------------------------------------------

BJP ਹਾਈ ਕਮਾਨ ਵਲੋਂ ਸੀਨੀਅਰ BJP ਨੇਤਾ ਅਤੇ ਪਠਾਨਕੋਟ ਤੋਂ ਵਿਧਾਇਕ ਅਸ਼ਵਨੀ ਕੁਮਾਰ ਸ਼ਰਮਾ ਨੂੰ ਪੰਜਾਬ BJP ਦਾ ਕਾਰਜਕਾਰੀ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਏ। ਇਸ ਬਾਰੇ ਜਾਣਕਾਰੀ BJP ਦੇ ਕੌਮੀ ਜਨਰਲ ਸਕੱਤਰ ਅਤੇ ਮੁਖ ਦਫਤਰ ਇੰਜਾਰਜ ਅਰੁਣ ਸਿੰਘ ਵਲੋਂ ਜਾਰੀ ਇੱਕ ਪੱਤਰ ਵਿਚ ਦਿੱਤੀ ਗਈ ਏ।

---------------------------------------------------------

ਪੰਜਾਬ ਮੰਤਰੀ ਮੰਡਲ ਨੇ ਕਾਂਗਰਸ ਸਰਕਾਰ ਵੱਲੋਂ ਭਾਖੜਾ ਡੈਮ ‘ਤੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ ਤਾਇਨਾਤ ਕਰਨ ਦੇ ਫੈਸਲੇ ਨੂੰ ਵਾਪਸ ਲੈਣ ਦਾ ਫੈਸਲਾ ਲਿਆ। ਇਸ ਸਬੰਧੀ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਕਿਹਾ ਕਿ ਮੰਤਰੀ ਮੰਡਲ ਨੇ ਇਸ ਗੱਲ ’ਤੇ ਦੁੱਖ ਪ੍ਰਗਟਾਇਆ ਕਿ ਤਤਕਾਲੀ

ਕਾਂਗਰਸ ਸਰਕਾਰ ਨੇ 23 ਜੁਲਾਈ, 2021 ਨੂੰ ਆਪਣੇ ਫੈਸਲੇ ਰਾਹੀਂ ਭਾਖੜਾ ਡੈਮ ‘ਤੇ ਸੀ.ਆਈ.ਐਸ.ਐਫ. ਤਾਇਨਾਤ ਕਰਨ ਲਈ ਆਪਹੁਦਰੇ ਢੰਗ ਨਾਲ ਪ੍ਰਵਾਨਗੀ ਦਿੱਤੀ ਸੀ। ਮੰਤਰੀ ਮੰਡਲ ਨੇ ਪ੍ਰਾਇਮਰੀ ਅਤੇ ਸੈਕੰਡਰੀ ਪੱਧਰ ‘ਤੇ ਸਪੈਸ਼ਲ ਐਜੂਕੇਟਰ ਟੀਚਰਾਂ ਦੀਆਂ 3600 ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ । ਇਸ ਫੈਸਲੇ ਨਾਲ ਪੰਜਾਬ ਭਰ ਦੇ ਵਿਸੇਸ਼ ਜਰੂਰਤਾਂ ਵਾਲੇ 47 ਹਜ਼ਾਰ 979 ਬੱਚਿਆਂ ਨੂੰ ਲਾਭ ਹੋਵੇਗਾ । ਸੂਬੇ ਦੇ ਵਿਦਿਆਰਥੀਆਂ ਨੂੰ ਮਿਆਰੀ ਉੱਚ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ ਨਾਲ ਮੰਤਰੀ ਮੰਡਲ ਨੇ “ਪੰਜਾਬ ਪ੍ਰਾਈਵੇਟ ਯੂਨੀਵਰਸਿਟੀ ਨੀਤੀ-2010“ ਦੇ ਤਹਿਤ ਮੋਹਾਲੀ ਦੇ ਝੰਜੇੜੀ ਵਿਖੇ CGC ਯੂਨੀਵਰਸਿਟੀ ਮੋਹਾਲੀ“ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ “ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ“ ਨਾਮਕ ਸਵੈ-ਵਿੱਤੀ ਨਿੱਜੀ ਯੂਨੀਵਰਸਿਟੀਆਂ ਦੀ ਸਥਾਪਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਮੋਹਾਲੀ ਦੇ ਸੈਕਟਰ-83 ਵਿਖੇ 145 ਕਰੋੜ 26 ਲਖ ਰੁਪਏ ਦੀ ਲਾਗਤ ਨਾਲ

ਸਥਾਪਤ ਕੀਤਾ ਸੀਵਰੇਜ ਟਰੀਟਮੈਂਟ ਪਲਾਂਟ ਲੋਕਾਂ ਨੂੰ ਸਮਰਪਿਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪਲਾਂਟ ਨੂੰ ਸਥਾਪਤ ਕਰਨ ਵਿੱਚ ਵਰਤੀ ਗਈ ਆਧੁਨਿਕ ਤਕਨਾਲੋਜੀ ਨੂੰ ਛੇਤੀ ਹੀ ਸੂਬੇ ਦੇ ਹੋਰ ਹਿੱਸਿਆਂ ਵਿੱਚ ਵੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਸੂਬੇ ਦੇ ਬੇਸ਼ਕੀਮਤੀ ਪਾਣੀ ਨੂੰ ਬਚਾਉਣਾ ਏ, ਜਿਸ ਨਾਲ ਪਲਾਂਟ ਦੇ ਸੋਧੇ ਹੋਏ ਪਾਣੀ ਨੂੰ ਹੋਰ ਕੰਮਾਂ ਲਈ ਵਰਤਿਆ ਜਾ ਸਕੇਗਾ ।

-----------------------------------------------------------------

ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਸਾਲ 2025-26 ਲਈ ਨਿਵੇਕਲੀਆਂ ਪਹਿਲਕਦਮੀਆਂ ਉਲੀਕੀਆਂ ਜਾ ਰਹੀਆ ਨੇ । ਇਨ੍ਹਾਂ ਵਿੱਚ ਪ੍ਰਮੁੱਖ ਤੌਰ ਉੱਤੇ ਰਾਜਮਾਰਗਾਂ ਦੇ ਨਾਲ-ਨਾਲ ਖਾਸ ਕਰਕੇ ਸੰਗਰੂਰ, ਜਲੰਧਰ ਤੋਂ ਅੰਮ੍ਰਿਤਸਰ ਸੜਕ, ਪਠਾਨਕੋਟ ਤੋਂ ਅੰਮ੍ਰਿਤਸਰ, ਸ੍ਰੀ ਆਨੰਦਪੁਰ ਸਾਹਿਬ ਅਤੇ ਫਗਵਾੜਾ - ਚੰਡੀਗੜ੍ਹ ਸੜਕ ਉੱਤੇ ਖਟਕੜ ਕਲਾਂ ਵਿਖੇ ਫੁੱਲਦਾਰ ਬੂਟੇ ਲਾਉਣ ਦੇ ਆਜ਼ਮਾਇਸ਼ੀ ਪ੍ਰੋਜੈਕਟ ਦੀ ਸੰਭਾਵਨਾ ਨੂੰ ਪੜਚੋਲਣਾ ਸ਼ਾਮਿਲ ਏ । ਜੰਗਲਾਤ ਮੰਤਰੀ

ਲਾਲ ਚੰਦ ਕਟਾਰੂਚੱਕ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਹਰੇਕ ਜਿਲ੍ਹੇ ਵਿੱਚ ਵਣ ਮਹੋਤਸਵ ਵੀ ਮਨਾਇਆ ਜਾਵੇਗਾ ਅਤੇ 2 ਰੁਪਏ ਪ੍ਰਤੀ ਬੂਟੇ ਦੀ ਨਿਗੂਣੀ ਜਿਹੀ ਕੀਮਤ ਤੇ ਲੋਕਾਂ ਨੂੰ ਪੌਦੇ ਉਪਲਬਧ ਕਰਵਾਏ ਜਾਣਗੇ। ਪ੍ਰਸਿੱਧ ਪੰਜਾਬੀ ਕਵੀ ਮਰਹੂਮ ਸ਼ਿਵ ਕੁਮਾਰ ਬਟਾਲਵੀ ਦੀ ਯਾਦ ਵਿੱਚ 23 ਜੁਲਾਈ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਬਟਾਲਾ ਵਿੱਚ ਇੱਕ ਕਵਿਤਾ ਮੁਕਾਬਲਾ ਵੀ ਕਰਵਾਇਆ ਜਾਵੇਗਾ। ਸੂਬਾ ਸਰਕਾਰ ਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਹਰਿਆਵਲ ਸੰਕਲਪ ਯੋਜਨਾ ਤਹਿਤ ਸਾਲ 2025-26 ਦੌਰਾਨ ਹਰੇਕ ਜਿਲ੍ਹੇ ਵਿੱਚ ਸਾਢੇ 3 ਲੱਖ ਬੂਟੇ ਲਾਉਣ ਦਾ ਫੈਸਲਾ ਕੀਤਾ ਏ । ਇਸ ਤੋਂ ਇਲਾਵਾ ਪਠਾਨਕੋਟ ਜ਼ਿਲ੍ਹੇ ਵਿੱਚ 50 ਹੈਕਟੇਅਰ ਰਕਬੇ ਵਿੱਚ ਮਿੱਟੀ ਅਤੇ ਪਾਣੀ ਸੰਭਾਲ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ ।

---------------------------------------------------------

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ  ਬਰਿੰਦਰ ਕੁਮਾਰ ਗੋਇਲ ਨੇ ਸੂਬਾ ਵਾਤਾਵਰਣ ਪ੍ਰਭਾਵ ਮੁਲਾਂਕਣ ਅਥਾਰਟੀ  ਦੇ ਅਧਿਕਾਰੀਆਂ ਨੂੰ, ਸੂਬਾ ਸਰਕਾਰ ਦੀ ਨਵੀਂ ਮਾਈਨਿੰਗ ਨੀਤੀ ਤਹਿਤ ਮਾਈਨਿੰਗ ਖੇਤਰ

ਲਈ ਸੁਖਾਲੀ ਕੀਤੀ ਗਈ ਪ੍ਰਕਿਰਿਆ ਮੁਤਾਬਕ ਵਾਤਾਵਰਣ ਪ੍ਰਵਾਨਗੀ ਦੇਣ ਦਾ ਅਮਲ ਤੇਜ਼ ਕਰਨ ਲਈ ਕਿਹਾ। ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਮੀਨ ਮਾਲਕ ਹੁਣ ਵਾਤਾਵਰਣ ਸਬੰਧੀ ਪ੍ਰਵਾਨਗੀਆਂ ਲਈ ਸਿੱਧੇ ਅਥਾਰਟੀ ਨੂੰ ਅਰਜ਼ੀ ਦੇ ਸਕਦੇ ਨੇ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਅਧੀਨ ਇਹ ਲਾਜ਼ਮੀ ਏ ਕਿ ਘੱਟ ਤੋਂ ਘੱਟ ਸਮੇਂ ਵਿੱਚ ਸਾਰੀਆਂ ਅਰਜ਼ੀਆਂ ਨੂੰ ਤਰਜੀਹੀ ਆਧਾਰ ’ਤੇ ਵਿਚਾਰਨਾ ਯਕੀਨੀ ਬਣਾਇਆ ਜਾਵੇ। ਕੈਬਨਿਟ ਮੰਤਰੀ ਚੰਡੀਗੜ੍ਹ ਦੇ ਮੈਗਸੀਪਾ ਵਿਖੇ ਇੱਕ ਅਹਿਮ ਵਰਕਸ਼ਾਪ ਦੀ ਪ੍ਰਧਾਨਗੀ ਕਰ ਰਹੇ ਸਨ। ਅਥਾਰਟੀ ਨੇ ਇਨ੍ਹਾਂ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਮਨਜ਼ੂਰੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਵਿੱਚ ਪੂਰੇ ਸਹਿਯੋਗ ਅਤੇ ਇਸ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ।

---------------------------------------------------------------

ਸ੍ਰੀ ਕੀਰਤਪੁਰ ਸਾਹਿਬ ਦੇ ਮੁੱਢਲੇ ਸਿਹਤ ਕੇਂਦਰ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਦੀ ਪ੍ਰਧਾਨਗੀ ਹੇਠ ਆਫ਼ਤ ਪ੍ਰਬੰਧਨ ਕਮੇਟੀ ਦਾ ਗਠਨ ਕੀਤਾ ਗਿਆ ਏ। ਇਹ ਕਮੇਟੀ ਹੜ੍ਹ

ਸੰਭਾਵਿਤ ਇਲਾਕਿਆਂ ਵਿਚ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਕਾਇਮ ਕੀਤੀ ਗਈ ਏ । ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਉੱਚ ਜੋਖਿਮ ਵਾਲੇ ਹੜ੍ਹ ਸੰਭਾਵਿਤ ਇਲਾਕਿਆਂ ਬੇਲਾ ਧਿਆਨੀ, ਬੇਲਾ ਰਾਮਗੜ੍ਹ, ਐਲਗਰਾਂ ਅਤੇ ਹਰਸਾ ਬੇਲਾ ਵਿਖੇ ਬਣਾਇਆ ਗਿਆ ਤੁਰੰਤ ਕਾਰਵਾਈ ਬਲ 24 ਘੰਟੇ ਸਿਹਤ ਸੇਵਾਵਾਂ ਮੁੱਹਈਆ ਕਰਵਾਉਣ ਲਈ ਤਿਆਰ ਰਹੇਗਾ ।

---------------------------------------------------------------

ਬਠਿੰਡਾ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ ਦੇ ਸਾਂਝੇ ਓਪਰੇਸ਼ਨ ਦੌਰਾਨ 9 ਕੁਇੰਟਲ ਡੋਡੇ, ਭੁੱਕੀ, ਚੂਰਾ ਪੋਸਤ ਨਾਲ ਭਰੇ ਇੱਕ ਟਰੱਕ ਸਮੇਤ 3 ਵਿਅਕਤੀਆਂ ਨੂੰ ਗਿਰਫ਼ਤਾਰ ਕੀਤਾ ਏ। ਪੁਲਿਸ ਨੇ ਸ਼ੱਕੀ ਵਾਹਨਾਂ ਦੀ ਚੈਕਿੰਗ ਦੌਰਾਨ ਇੱਕ ਟਰੱਕ ਵਿੱਚੋਂ ਭਾਰੀ ਮਾਤਰਾ ਵਿੱਚ ਭੁੱਕੀ, ਡੋਡੇ, ਚੂਰਾ ਪੋਸਤ ਬਰਾਮਦ ਕੀਤਾ । ਤਿੰਨਾਂ ਵਿਅਕਤੀਆਂ ਦੀ ਪਛਾਣ ਰਾਜਸਥਾਨ ਦੇ ਅਜਮੇਰ ਵਾਸੀ ਸਾਵਰ ਲਾਲ  ਬਠਿੰਡਾ ਦੇ ਜਗਦੀਪ ਸਿੰਘ ਅਤੇ ਗੁਰਤੇਜ ਸਿੰਘ ਵਜੋ ਹੋਈ ਏ। ਇਹਨਾਂ ਤਿੰਨਾਂ ਵਿਅਕਤੀਆਂ ਖਿਲਾਫ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।